# VIGILANCE BUREAU PUNJAB

## Vigilance nabs ASI for taking bribe Rs. 8,000

Chandigarh, June 11: Punjab Vigilance Bureau, today nabbed an Assistant Sub Inspector (ASI) posted at City Police Station, Ferozepur red handed while accepting bribe of Rs 8,000.

Disclosing this here an official spokesperson of the Vigilance Bureau said ASI Major Singh was nabbed red handed on the complaint of Naseeb Singh of village Saddu Shah Wala, Ferozepur district. The complainant has approached the VB and alleged that the accused ASI was demanding Rs 10,000 to help in a police case and submit challan against the second party. He informed that the deal was struck at Rs. 8000/-.

After verifying his information, the vigilance team laid a trap and the accused ASI was arrested on the spot while taking bribe of Rs. 8,000 from the complainant in the presence of two official witnesses.

He informed that a case under Prevention of Corruption Act has been registered against the accused VB police station Ferozepur and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 11 ਜੂਨ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸ਼ਹਿਰੀ ਥਾਣਾ, ਫਿਰੋਜਪੁਰ ਵਿਖੇ ਤਾਇਨਾਤ ਏ.ਐਸ.ਆਈ. ਮੇਜਰ ਸਿੰਘ ਨੂੰ 8,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਨਸੀਬ ਸਿੰਘ ਵਾਸੀ ਪਿੰਡ ਸੱਦੂ ਸ਼ਾਹ ਵਾਲਾ, ਜਿਲਾ ਫਿਰੋਜਪੁਰ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਪੁਲਿਸ ਕੇਸ ਵਿਚ ਸ਼ਾਮਲ ਵਿਰੋਧੀ ਧਿਰ ਦੇ ਦਰਸ਼ਨ ਸਿੰਘ ਅਤੇ ਅਮਰੀਕ ਸਿੰਘ ਖਿਲਾਫ਼ ਅਦਾਲਤ ਵਿਚ ਚਲਾਨ ਪੇਸ਼ ਕਰਨ ਅਤੇ ਇਸ ਕੇਸ ਵਿਚ ਉਸ ਦੀ ਮਦਦ ਕਰਨ ਬਦਲੇ ਏ.ਐਸ.ਆਈ ਵਲੋਂ 10,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 8,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-----